ਮਲਾਰ ਮਹਲਾ ੩ ॥ ਬੇਦ ਬਾਣੀ ਜਗੁ ਵਰਤਦਾ ਤ੍ਰੈ ਗੁਣ ਕਰੇ ਬੀਚਾਰੁ ॥ ਬਿਨੁ ਨਾਵੈ ਜਮ ਡੰਡੁ ਸਹੈ ਮਰਿ ਜਨਮੈ ਵਾਰੋ ਵਾਰ ॥ ਸਤਿਗੁਰ ਭੇਟੇ ਮੁਕਤਿ ਹੋਇ ਪਾਏ ਮੋਖ ਦੁਆਰੁ ॥੧॥ ਮਨ ਰੇ ਸਤਿਗੁਰੁ ਸੇਵਿ ਸਮਾਇ ॥ ਵਡੈ ਭਾਗਿ ਗੁਰੁ ਪੂਰਾ ਪਾਇਆ ਹਰਿ ਹਰਿ ਨਾਮੁ ਧਿਆਇ ॥੧॥ ਰਹਾਉ ॥ ਹਰਿ ਆਪਣੈ ਭਾਣੈ ਸ੍ਰਿਸਟਿ ਉਪਾਈ ਹਰਿ ਆਪੇ ਦੇਇ ਅਧਾਰੁ ॥ ਹਰਿ ਆਪਣੈ ਭਾਣੈ ਮਨੁ ਨਿਰਮਲੁ ਕੀਆ ਹਰਿ ਸਿਉ ਲਾਗਾ ਪਿਆਰੁ ॥ ਹਰਿ ਕੈ ਭਾਣੈ ਸਤਿਗੁਰੁ ਭੇਟਿਆ ਸਭੁ ਜਨਮੁ ਸਵਾਰਣਹਾਰੁ ॥੨॥ ਵਾਹੁ ਵਾਹੁ ਬਾਣੀ ਸਤਿ ਹੈ ਗੁਰਮੁਖਿ ਬੂਝੈ ਕੋਇ ॥ ਵਾਹੁ ਵਾਹੁ ਕਰਿ ਪ੍ਰਭੁ ਸਾਲਾਹੀਐ ਤਿਸੁ ਜੇਵਡੁ ਅਵਰੁ ਨ ਕੋਇ ॥ ਆਪੇ ਬਖਸੇ ਮੇਲਿ ਲਏ ਕਰਮਿ ਪਰਾਪਤਿ ਹੋਇ ॥ ੩॥ ਸਾਚਾ ਸਾਹਿਬੁ ਮਾਹਰੋ ਸਤਿਗੁਰਿ ਦੀਆ ਦਿਖਾਇ ॥ ਅੰਮ੍ਰਿਤੁ ਵਰਸੈ ਮਨੁ ਸੰਤੋਖੀਐ ਸਚਿ ਰਹੈ ਲਿਵ ਲਾਇ ॥ ਹਰਿ ਕੈ ਨਾਇ ਸਦਾ ਹਰੀਆਵਲੀ ਫਿਰਿ ਸੁਕੈ ਨਾ ਕੁਮਲਾਇ ॥੪॥ {ਪੰਨਾ 1276}

ਪਦ ਅਰਥ:- ਬੇਦ ਬਾਣੀ—(ਸ਼ਾਸਤ੍ਰਾਂ) ਵੇਦਾਂ ਦੀ (ਕਰਮ ਕਾਂਡ ਵਿਚ ਹੀ ਰੱਖਣ ਵਾਲੀ) ਬਾਣੀ ਵਿਚ। ਵਰਤਦਾ—ਪਰਚਿਆ ਰਹਿੰਦਾ ਹੈ। ਤ੍ਰੈ ਗੁਣ ਬੀਚਾਰੁ—(ਮਾਇਆ ਦੇ) ਤਿੰਨਾਂ ਗੁਣਾਂ ਦਾ ਵਿਚਾਰ। ਬਿਨੁ ਨਾਵੈ—ਹਰਿ-ਨਾਮ ਤੋਂ ਬਿਨਾ। ਡੰਡੁ—ਸਜ਼ਾ। ਸਹੈ—ਸਹਾਰਦਾ ਹੈ। ਮਰਿ—ਮਰ ਕੇ। ਵਾਰੋ ਵਾਰ—ਮੁੜ ਮੁੜ। ਸਤਿਗੁਰ ਭੇਟੇ—(ਜਿਹੜਾ) ਗੁਰੂ ਨੂੰ ਮਿਲਦਾ ਹੈ। ਮੁਕਤਿ—(ਮਾਇਆ ਦੇ ਮੋਹ ਤੋਂ) ਖ਼ਲਾਸੀ। ਮੋਖ ਦੁਆਰੁ—ਮਾਇਆ ਦੇ ਮੋਹ ਤੋਂ ਖ਼ਲਾਸੀ ਦਾ ਰਸਤਾ।1।

ਸੇਵਿ—ਸਰਨ ਪੈ ਕੇ। ਸਮਾਇ—(ਹਰਿ-ਨਾਮ ਵਿਚ) ਲੀਨ ਹੋਇਆ ਰਹੁ। ਵਡੈ ਭਾਗਿ—ਵੱਡੀ ਕਿਸਮਤ ਨਾਲ। ਧਿਆਇ—ਧਿਆਉਂਦਾ ਹੈ।1। ਰਹਾਉ।

ਆਪਣੇ ਭਾਣੈ—ਆਪਣੀ ਰਜ਼ਾ ਵਿਚ। ਆਪੇ—ਆਪ ਹੀ। ਦੇਇ—ਦੇਂਦਾ ਹੈ। ਅਧਾਰੁ—ਆਸਰਾ। ਨਿਰਮਲੁ—ਪਵਿੱਤਰ। ਸਿਉ—ਨਾਲ। ਕੈ ਭਾਣੈ—ਦੀ ਰਜ਼ਾ ਵਿਚ। ਭੇਟਿਆ—ਮਿਲਿਆ। ਸਭੁ—ਸਾਰਾ। ਸਵਾਰਣਹਾਰੁ—ਚੰਗਾ ਬਣਾ ਦੇਣ ਦੀ ਸਮਰਥਾ ਵਾਲਾ (ਗੁਰੂ)।2।

ਵਾਹੁ ਵਾਹੁ—ਸਿਫ਼ਤਿ-ਸਾਲਾਹ। ਸਤਿ—ਸਦਾ ਕਾਇਮ ਰਹਿਣ ਵਾਲੀ। ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ। ਕੋਇ—ਕੋਈ ਵਿਰਲਾ। ਕਰਿ—ਕਰ ਕੇ, ਆਖ ਕੇ। ਸਾਲਾਹੀਐ—ਸਾਲਾਹੁਣਾ ਚਾਹੀਦਾ ਹੈ। ਤਿਸੁ ਜੇਵਡੁ—ਉਸ ਦੇ ਬਰਾਬਰ ਦਾ। ਬਖਸੇ—ਬਖ਼ਸ਼ਸ਼ ਕਰਦਾ ਹੈ। ਕਰਮਿ—(ਪ੍ਰਭੂ ਦੀ) ਮਿਹਰ ਨਾਲ। ਪਰਾਪਤਿ—ਮਿਲਾਪ।3।

ਸਾਚਾ—ਸਦਾ ਕਾਇਮ ਰਹਿਣ ਵਾਲਾ। ਮਾਹਰੋ—ਮਹਰ, ਚੌਧਰੀ, ਪ੍ਰਧਾਨ। ਸਤਿਗੁਰਿ—ਸਤਿਗੁਰੂ ਨੇ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਸੰਤੋਖੀਐ—ਸੰਤੋਖੀ ਹੋ ਜਾਂਦਾ ਹੈ। ਸਚਿ—ਸਦਾ ਕਾਇਮ ਰਹਿਣ ਵਾਲੇ ਹਰਿ-ਨਾਮ ਵਿਚ। ਲਿਵ ਲਾਇ—ਸੁਰਤਿ ਜੋੜ ਕੇ। ਹਰਿ ਕੈ ਨਾਇ—ਪਰਮਾਤਮਾ ਦੇ ਨਾਮ (-ਜਲ) ਦੀ ਰਾਹੀਂ। ਹਰੀਆਵਲੀ—(ਆਤਮਕ ਜੀਵਨ ਨਾਲ) ਹਰੀ-ਭਰੀ।4।

ਅਰਥ:- ਹੇ (ਮੇਰੇ) ਮਨ! ਗੁਰੂ ਦੀ ਸਰਨ ਪੈ ਕੇ (ਪਰਮਾਤਮਾ ਦੇ ਨਾਮ ਵਿਚ) ਲੀਨ ਹੋਇਆ ਰਹੁ। (ਜਿਸ ਮਨੁੱਖ ਨੇ) ਵੱਡੀ ਕਿਸਮਤ ਨਾਲ ਪੂਰਾ ਗੁਰੂ ਲੱਭ ਲਿਆ, ਉਹ ਸਦਾ ਹਰੀ ਦਾ ਨਾਮ ਧਿਆਉਂਦਾ ਰਹਿੰਦਾ ਹੈ।1। ਰਹਾਉ।

ਹੇ ਭਾਈ! ਜਗਤ (ਕਰਮ ਕਾਂਡ ਵਿਚ ਹੀ ਰੱਖਣ ਵਾਲੀ ਸ਼ਾਸਤ੍ਰਾਂ) ਵੇਦਾਂ ਦੀ ਬਾਣੀ ਵਿਚ ਪਰਚਿਆ ਰਹਿੰਦਾ ਹੈ, ਮਾਇਆ ਦੇ ਤਿੰਨਾਂ ਗੁਣਾਂ ਦੀ (ਹੀ) ਵਿਚਾਰ ਕਰਦਾ ਰਹਿੰਦਾ ਹੈ (ਪ੍ਰਭੂ ਦਾ ਨਾਮ ਨਹੀਂ ਸਿਮਰਦਾ)। ਪਰਮਾਤਮਾ ਦੇ ਨਾਮ ਤੋਂ ਬਿਨਾ (ਜਗਤ) ਜਮਦੂਤਾਂ ਦੀ ਸਜ਼ਾ ਸਹਾਰਦਾ ਹੈ, ਮੁੜ ਮੁੜ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ। (ਜਿਹੜਾ ਮਨੁੱਖ) ਗੁਰੂ ਨੂੰ ਮਿਲ ਪੈਂਦਾ ਹੈ, ਉਸ ਨੂੰ ਮਾਇਆ ਦੇ ਮੋਹ ਤੋਂ ਖ਼ਲਾਸੀ ਮਿਲ ਜਾਂਦੀ ਹੈ ਉਹ ਮਨੁੱਖ ਮਾਇਆ ਦੇ ਮੋਹ ਤੋਂ ਖ਼ਲਾਸੀ ਦਾ ਰਾਹ ਲੱਭ ਲੈਂਦਾ ਹੈ।1।

ਹੇ ਭਾਈ! ਪਰਮਾਤਮਾ ਨੇ ਆਪਣੀ ਰਜ਼ਾ ਵਿਚ ਇਹ ਜਗਤ ਪੈਦਾ ਕੀਤਾ ਹੈ, ਪਰਮਾਤਮਾ ਆਪ ਹੀ (ਜੀਵਾਂ ਨੂੰ) ਆਸਰਾ ਦੇਂਦਾ ਹੈ। (ਜਿਸ ਮਨੁੱਖ ਦਾ) ਮਨ ਪਰਮਾਤਮਾ ਨੇ ਆਪਣੀ ਰਜ਼ਾ ਵਿਚ (ਗੁਰੂ ਦੀ ਰਾਹੀਂ) ਪਵਿੱਤਰ ਕਰ ਦਿੱਤਾ ਹੈ, ਉਸ ਮਨੁੱਖ ਦਾ ਪਿਆਰ ਪ੍ਰਭੂ ਚਰਨਾਂ ਨਾਲ ਬਣ ਗਿਆ। ਸਾਰੇ ਮਨੁੱਖਾ ਜੀਵਨ ਨੂੰ ਚੰਗਾ ਬਣਾ ਸਕਣ ਵਾਲਾ ਗੁਰੂ (ਉਸ ਮਨੁੱਖ ਨੂੰ) ਪਰਮਾਤਮਾ ਦੀ ਰਜ਼ਾ ਅਨੁਸਾਰ ਮਿਲ ਪਿਆ।2।

ਹੇ ਭਾਈ! ਗੁਰੂ ਦੀ ਸਰਨ ਪੈ ਕੇ (ਹੀ) ਕੋਈ ਵਿਰਲਾ ਮਨੁੱਖ (ਇਹ) ਸਮਝਦਾ ਹੈ (ਕਿ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਹੀ ਸਦਾ ਕਾਇਮ ਰਹਿਣ ਵਾਲੀ ਹੈ। ਹੇ ਭਾਈ! (ਪ੍ਰਭੂ) 'ਅਸਚਰਜ ਹੈ ਅਸਚਰਜ ਹੈ'—ਇਹ ਆਖ ਆਖ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦੇ ਰਹਿਣਾ ਚਾਹੀਦਾ ਹੈ, (ਉਸ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ। ਹੇ ਭਾਈ! ਪ੍ਰਭੂ ਆਪ ਹੀ ਜਿਸ ਮਨੁੱਖ ਉਤੇ) ਬਖ਼ਸ਼ਸ਼ ਕਰਦਾ ਹੈ (ਉਸ ਨੂੰ ਆਪਣੇ ਚਰਨਾਂ ਵਿਚ) ਮਿਲਾ ਲੈਂਦਾ ਹੈ। (ਉਸ ਦੀ) ਮਿਹਰ ਨਾਲ (ਹੀ ਉਸ ਦਾ) ਮਿਲਾਪ ਹੁੰਦਾ ਹੈ।3।

ਹੇ ਭਾਈ! ਸਦਾ ਕਾਇਮ ਰਹਿਣ ਵਾਲਾ ਪ੍ਰਭੂ ਹੀ (ਸਾਰੇ ਜਗਤ ਦਾ) ਪ੍ਰਧਾਨ ਹੈ ਮਾਲਕ ਹੈ। ਜਿਸ (ਮਨੁੱਖ ਨੂੰ) ਗੁਰੂ ਨੇ ਉਸ ਦਾ ਦਰਸਨ ਕਰਾ ਦਿੱਤਾ; (ਉਸ ਦੇ ਅੰਦਰ) ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੀ ਵਰਖਾ ਹੋਣ ਲੱਗ ਪੈਂਦੀ ਹੈ, (ਉਸ ਦਾ) ਮਨ ਸੰਤੋਖੀ ਹੋ ਜਾਂਦਾ ਹੈ, ਉਹ ਮਨੁੱਖ ਸਦਾ-ਥਿਰ ਹਰਿ ਨਾਮ ਵਿਚ ਸੁਰਤਿ ਜੋੜੀ ਰੱਖਦਾ ਹੈ। ਹੇ ਭਾਈ! (ਜਿਵੇਂ ਪਾਣੀ ਨਾਲ ਖੇਤੀ ਹਰੀ ਹੋ ਜਾਂਦੀ ਹੈ, ਨਾਹ ਸੁੱਕਦੀ ਹੈ ਨਾਹ ਕੁਮਲਾਂਦੀ ਹੈ, ਤਿਵੇਂ ਜਿਸ ਮਨੁੱਖ ਨੂੰ ਗੁਰੂ ਨੇ ਪਰਮਾਤਮਾ ਦਾ ਦਰਸਨ ਕਰਾ ਦਿੱਤਾ; ਉਸ ਦੀ ਜਿੰਦ) ਪਰਮਾਤਮਾ ਦੇ ਨਾਮ (-ਜਲ) ਦੀ ਬਰਕਤਿ ਨਾਲ ਸਦਾ ਹਰੀ-ਭਰੀ (ਆਤਮਕ ਜੀਵਨ ਵਾਲੀ) ਰਹਿੰਦੀ ਹੈ, ਨਾਹ ਕਦੇ ਸੁੱਕਦੀ ਹੈ (ਨਾਹ ਕਦੇ ਆਤਮਕ ਮੌਤ ਸਹੇੜਦੀ ਹੈ) ਨਾਹ ਕਦੇ ਕੁਮਲਾਂਦੀ ਹੈ (ਨਾਹ ਕਦੇ ਡੋਲਦੀ ਹੈ)।4।

**ਬਿਨੁ ਸਤਿਗੁਰ ਕਿਨੈ ਨ ਪਾਇਓ ਮਨਿ ਵੇਖਹੁ ਕੋ ਪਤੀਆਇ ॥ ਹਰਿ ਕਿਰਪਾ ਤੇ ਸਤਿਗੁਰੁ ਪਾਈਐ ਭੇਟੈ ਸਹਜਿ ਸੁਭਾਇ ॥ ਮਨਮੁਖ ਭਰਮਿ ਭੁਲਾਇਆ ਬਿਨੁ ਭਾਗਾ ਹਰਿ ਧਨੁ ਨ ਪਾਇ ॥੫॥ ਤ੍ਰੈ ਗੁਣ ਸਭਾ ਧਾਤੁ ਹੈ ਪੜਿ ਪੜਿ ਕਰਹਿ ਵੀਚਾਰੁ ॥ ਮੁਕਤਿ ਕਦੇ ਨ ਹੋਵਈ ਨਹੁ ਪਾਇਨ੍ਹ੍ਹਿ ਮੋਖ ਦੁਆਰੁ ॥ ਬਿਨੁ ਸਤਿਗੁਰ ਬੰਧਨ ਨ ਤੁਟਹੀ ਨਾਮਿ ਨ ਲਗੈ ਪਿਆਰੁ ॥੬॥ ਪੜਿ ਪੜਿ ਪੰਡਿਤ ਮੋਨੀ ਥਕੇ ਬੇਦਾਂ ਕਾ ਅਭਿਆਸੁ ॥ ਹਰਿ ਨਾਮੁ ਚਿਤਿ ਨ ਆਵਈ ਨਹ ਨਿਜ ਘਰਿ ਹੋਵੈ ਵਾਸੁ ॥ ਜਮਕਾਲੁ ਸਿਰਹੁ ਨ ਉਤਰੈ ਅੰਤਰਿ ਕਪਟ ਵਿਣਾਸੁ ॥੭॥ ਹਰਿ ਨਾਵੈ ਨੋ ਸਭੁ ਕੋ ਪਰਤਾਪਦਾ ਵਿਣੁ ਭਾਗਾਂ ਪਾਇਆ ਨ ਜਾਇ ॥ ਨਦਰਿ ਕਰੇ ਗੁਰੁ ਭੇਟੀਐ ਹਰਿ ਨਾਮੁ ਵਸੈ ਮਨਿ ਆਇ ॥ ਨਾਨਕ ਨਾਮੇ ਹੀ ਪਤਿ ਊਪਜੈ ਹਰਿ ਸਿਉ ਰਹਾਂ ਸਮਾਇ ॥੮॥੨॥** {ਪੰਨਾ 1277}

ਪਦ ਅਰਥ:- ਕਿਨੈ—ਕਿਸੇ ਨੇ ਭੀ। ਮਨਿ—ਮਨ ਵਿਚ। ਕੋ—ਕੋਈ ਧਿਰ। ਪਤਿਆਇ—ਪਰਤਾਵਾ ਕਰ ਕੇ, ਨਿਰਨਾ ਕਰ ਕੇ। ਤੇ—ਤੋਂ, ਦੀ ਰਾਹੀਂ। ਪਾਈਐ—ਮਿਲਦਾ ਹੈ। ਭੇਟੈ—ਮਿਲਦਾ ਹੈ। ਸਹਜਿ—ਆਤਮਕ ਅਡੋਲਤਾ ਵਿਚ। ਸੁਭਾਇ—ਪ੍ਰੇਮ ਵਿਚ। ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ। ਭਰਮਿ—ਭਟਕਣਾ ਦੇ ਕਾਰਨ। ਭੁਲਾਇਆ—ਕੁਰਾਹੇ ਪਾਇਆ ਹੁੰਦਾ ਹੈ।5।

ਸਭਾ—ਸਾਰੀ। ਧਾਤੁ—ਮਾਇਆ। ਪੜਿ—ਪੜ੍ਹ ਕੇ। ਕਰਹਿ—ਕਰਦੇ ਹਨ (ਬਹੁ-ਵਚਨ)। ਮੁਕਤਿ—ਮਾਇਆ ਦੇ ਮੋਹ ਤੋਂ ਖ਼ਲਾਸੀ। ਨਹੁ—ਨਹੀਂ। ਨਹੁ ਪਾਇਨ੍ਹ੍ਹਿ—ਨਹੀਂ ਪ੍ਰਾਪਤ ਕਰਦੇ। ਮੋਖ ਦੁਆਰੁ—ਮਾਇਆ ਦੇ ਮੋਹ ਤੋਂ ਖ਼ਲਾਸੀ ਦਾ ਰਸਤਾ। ਤੁਟਹੀ—ਤੁਟਹਿ; ਟੁੱਟਦੇ (ਬਹੁ-ਵਚਨ)। ਨਾਮਿ—ਨਾਮ ਵਿਚ।6।

ਪੰਡਿਤ—(ਬਹੁ-ਵਚਨ। ਪੰਡਿਤੁ—ਇਕ-ਵਚਨ)। ਮੋਨੀ—ਸਮਾਧੀਆਂ ਲਾਣ ਵਾਲੇ, ਮੁਨੀ ਲੋਕ। ਚਿਤਿ—ਚਿੱਤ ਵਿਚ। ਨਿਜ ਘਰਿ—ਆਪਣੇ ਅਸਲ ਘਰ ਵਿਚ। ਜਮ ਕਾਲੁ—ਮੌਤ, ਆਤਮਕ ਮੌਤ, ਜਨਮ ਮਰਨ ਦਾ ਗੇੜ।

ਸਿਰਹੁ—ਸਿਰ ਤੋਂ। ਕਪਟ—ਖੋਟ। ਵਿਣਾਸੁ—(ਆਤਮਕ) ਮੌਤ।7।

ਨਾਵੈ ਨੋ—ਨਾਮ ਵਾਸਤੇ। ਸਭੁ ਕੋ—ਹਰੇਕ ਪ੍ਰਾਣੀ। ਪਰਤਾਪਦਾ—ਤਾਂਘਦਾ ਹੈ। ਨਦਰਿ—ਮਿਹਰ ਦੀ ਨਿਗਾਹ। ਭੇਟੀਐ—ਮਿਲ ਸਕੀਦਾ ਹੈ। ਮਨਿ—ਮਨ ਵਿਚ। ਨਾਮੇ—ਨਾਮ ਦੀ ਰਾਹੀਂ ਹੀ। ਪਤਿ—ਇੱਜ਼ਤ। ਰਹਾਂ—ਮੈਂ ਰਹਿੰਦਾ ਹਾਂ।8।

ਅਰਥ:- ਹੇ ਭਾਈ! ਬੇਸ਼ੱਕ ਕੋਈ ਧਿਰ ਮਨ ਵਿਚ ਨਿਰਨਾ ਕਰ ਕੇ ਵੇਖ ਲਵੇ, ਗੁਰੂ (ਦੀ ਸਰਨ) ਤੋਂ ਬਿਨਾ ਕਿਸੇ ਨੇ ਭੀ (ਪਰਮਾਤਮਾ ਦਾ ਨਾਮ-ਧਨ) ਹਾਸਲ ਨਹੀਂ ਕੀਤਾ। ਗੁਰੂ (ਭੀ) ਮਿਲਦਾ ਹੈ ਪਰਮਾਤਮਾ ਦੀ ਮਿਹਰ ਨਾਲ, ਆਤਮਕ ਅਡੋਲਤਾ ਵਿਚ ਮਿਲਦਾ ਹੈ ਪਿਆਰ ਵਿਚ ਮਿਲਦਾ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਨੂੰ ਭਟਕਣਾ ਨੇ ਕੁਰਾਹੇ ਪਾ ਰੱਖਿਆ ਹੁੰਦਾ ਹੈ। ਕਿਸਮਤ ਤੋਂ ਬਿਨਾ ਪਰਮਾਤਮਾ ਦਾ ਨਾਮ-ਧਨ ਨਹੀਂ ਲੱਭ ਸਕਦਾ।5।

ਹੇ ਭਾਈ! (ਪੰਡਿਤ ਲੋਕ ਵੇਦ ਆਦਿਕ ਧਰਮ-ਪੁਸਤਕਾਂ ਨੂੰ) ਪੜ੍ਹ ਪੜ੍ਹ ਕੇ (ਤਿੰਨਾਂ ਗੁਣਾਂ ਵਿਚ ਰੱਖਣ ਵਾਲੇ ਕਰਮ-ਕਾਂਡ ਦਾ ਹੀ) ਵਿਚਾਰ ਕਰਦੇ ਹਨ, ਤੇ, ਇਹ ਤਿੰਨਾਂ ਗੁਣਾਂ ਦੀ ਵਿਚਾਰ ਨਿਰੀ ਮਾਇਆ ਹੀ ਹੈ। (ਇਸ ਉੱਦਮ ਨਾਲ) ਕਦੇ ਭੀ ਮਾਇਆ ਦੇ ਮੋਹ ਤੋਂ ਖ਼ਲਾਸੀ ਨਹੀਂ ਹੋ ਸਕਦੀ, (ਉਹ ਲੋਕ) ਮਾਇਆ ਤੋਂ ਖ਼ਲਾਸੀ ਪਾਣ ਦਾ ਰਸਤਾ ਨਹੀਂ ਲੱਭ ਸਕਦੇ। ਹੇ ਭਾਈ! ਗੁਰੂ (ਦੀ ਸਰਨ) ਤੋਂ ਬਿਨਾ (ਮਾਇਆ ਦੇ ਮੋਹ ਦੀਆਂ) ਫਾਹੀਆਂ ਨਹੀਂ ਟੁੱਟਦੀਆਂ, ਪਰਮਾਤਮਾ ਦੇ ਨਾਮ ਵਿਚ ਪਿਆਰ ਨਹੀਂ ਬਣ ਸਕਦਾ।6।

ਹੇ ਭਾਈ! ਪੰਡਿਤ ਲੋਕ ਮੁਨੀ ਲੋਕ (ਸ਼ਾਸਤ੍ਰਾਂ ਨੂੰ) ਪੜ੍ਹ ਪੜ੍ਹ ਕੇ ਥੱਕ ਜਾਂਦੇ ਹਨ (ਕਰਮ ਕਾਂਡ ਦੇ ਗੇੜ ਵਿਚ ਪਾਈ ਰੱਖਣ ਵਾਲੇ) ਵੇਦ (ਆਦਿਕ ਧਰਮ-ਪੁਸਤਕਾਂ ਦਾ ਹੀ) ਅਭਿਆਸ ਕਰਦੇ ਰਹਿੰਦੇ ਹਨ, (ਪਰ ਇਸ ਤਰ੍ਹਾਂ) ਪਰਮਾਤਮਾ ਦਾ ਨਾਮ ਚਿੱਤ ਵਿਚ ਨਹੀਂ ਵੱਸਦਾ, ਪ੍ਰਭੂ ਚਰਨਾਂ ਵਿਚ ਨਿਵਾਸ ਨਹੀਂ ਹੁੰਦਾ, ਸਿਰ ਤੋਂ ਜਨਮ ਮਰਨ ਦਾ ਗੇੜ ਨਹੀਂ ਮੁੱਕਦਾ, ਮਨ ਵਿਚ (ਮਾਇਆ ਦੀ ਖ਼ਾਤਰ) ਠੱਗੀ (ਟਿਕੀ ਰਹਿਣ ਕਰਕੇ) ਆਤਮਕ ਮੌਤ ਬਣੀ ਰਹਿੰਦੀ ਹੈ।7।

ਹੇ ਭਾਈ! (ਉਂਞ ਤਾਂ) ਹਰੇਕ ਪ੍ਰਾਣੀ ਪਰਮਾਤਮਾ ਦਾ ਨਾਮ ਪ੍ਰਾਪਤ ਕਰਨ ਲਈ ਤਾਂਘਦਾ ਹੈ, ਪਰ ਚੰਗੀ ਕਿਸਮਤ ਤੋਂ ਬਿਨਾ ਮਿਲਦਾ ਨਹੀਂ ਹੈ। ਜਦੋਂ ਪ੍ਰਭੂ ਮਿਹਰ ਦੀ ਨਿਗਾਹ ਕਰਦਾ ਹੈ ਤਾਂ ਗੁਰੂ ਮਿਲਦਾ ਹੈ (ਤੇ, ਗੁਰੂ ਦੀ ਰਾਹੀਂ) ਪਰਮਾਤਮਾ ਦਾ ਨਾਮ ਮਨ ਵਿਚ ਆ ਵੱਸਦਾ ਹੈ। ਹੇ ਨਾਨਕ! (ਆਖ—) ਪਰਮਾਤਮਾ ਦੇ ਨਾਮ ਦੀ ਰਾਹੀਂ ਹੀ (ਲੋਕ ਪਰਲੋਕ ਵਿਚ) ਇੱਜ਼ਤ ਮਿਲਦੀ ਹੈ (ਮੈਂ ਗੁਰੂ ਦੀ ਕਿਰਪਾ ਨਾਲ) ਪਰਮਾਤਮਾ ਦੇ ਨਾਮ ਨਾਲ ਸਦਾ ਜੁੜਿਆ ਰਹਿੰਦਾ ਹਾਂ।8।2।